# ਸਕੂਲ ਛੱਡਣ ਦਾ ਸਰਟੀਫਿਕੇਟ ਲੈਣ ਸੰਬੰਧੀ ਸਕੂਲ ਮੁਖੀ ਨੂੰ ਬਿਨੈ-ਪੱਤਰ ਲਿਖੋ।



ਸੇਵਾ ਵਿਖੇ

ਮੁੱਖ ਅਧਿਆਪਕ,

ਸਰਕਾਰੀ ............ ਸਕੂਲ,

........................,

ਜ਼ਿਲ੍ਹਾ ...............।

**ਵਿਸ਼ਾ :** ਸਕੂਲ ਛੱਡਣ ਦਾ ਸਰਟੀਫਿਕੇਟ ਲੈਣ ਸੰਬੰਧੀ।

ਸ੍ਰੀਮਾਨ ਜੀ,

ਬੇਨਤੀ ਹੈ ਕਿ ਮੇਰੇ ਪਿਤਾ ਜੀ ਸਰਕਾਰੀ ਨੌਕਰੀ ਕਰਦੇ ਹਨ। ਹੁਣ ਉਹਨਾਂ ਦੀ ਅਚਾਨਕ ਲੁਧਿਆਣਾ ਵਿਖੇ ਬਦਲੀ ਹੋ ਗਈ ਹੈ। ਮੇਰਾ ਸਾਰਾ ਪਰਿਵਾਰ ਉਹਨਾਂ ਨਾਲ਼ ਜਾਣ ਕਰਕੇ ਮੇਰਾ ਜਾਣਾ ਵੀ ਜ਼ਰੂਰੀ ਹੈ। ਇਸ ਕਰ ਕੇ ਮੇਰਾ ਆਪ ਦੇ ਸਕੂਲ ਵਿੱਚ ਪੜ੍ਹਾਈ ਜਾਰੀ ਰੱਖਣਾ ਮੁਸ਼ਕਿਲ ਹੈ।

ਕਿਰਪਾ ਕਰ ਕੇ ਮੇਰਾ ਸਕੂਲ ਛੱਡਣ ਦਾ ਸਰਟੀਫਿਕੇਟ ਜਾਰੀ ਕੀਤਾ ਜਾਵੇ ਤਾਂ ਜੋ ਮੈਂ ਉਹਨਾਂ ਨਾਲ਼ ਲੁਧਿਆਣੇ ਜਾ ਕੇ ਆਪਣੀ ਪੜ੍ਹਾਈ ਸ਼ੁਰੂ ਕਰ ਸਕਾਂ। ਮੈਂ ਆਪ ਜੀ ਦਾ ਧੰਨਵਾਦੀ ਹੋਵਾਂਗਾ।

ਆਪ ਜੀ ਦਾ ਆਗਿਆਕਾਰ,

..................,

ਜਮਾਤ ............,

ਮਿਤੀ ... ਜੁਲਾਈ, 2021

ਰੋਲ ਨੰਬਰ.........।